# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

# 20:30

**ਮਿਤੀ : 09-10-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ, ਨੌਜਵਾਨਾਂ ਨੂੰ ਲਗਾਤਾਰ ਆਪਣੇ ਹੁਨਰ ਨੂੰ ਬਿਹਤਰ ਕਰਨ ਅਤੇ ਉੱਭਰ ਰਹੀਆਂ ਤਕਨੀਕਾਂ ਮੁਤਾਬਿਕ ਆਪਣੇ ਆਪ ਨੂੰ ਢਾਲਣ ਦੀ ਲੋੜ 'ਤੇ ਜ਼ੋਰ ਦਿੱਤਾ ।

- ਸਰਵਉੱਚ ਅਦਾਲਤ ਨੇ ਕੇਂਦਰ, ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਧੋਖਾਧੜੀ ਵਾਲੇ ਬੀਮਾ ਦਾਅਵਿਆਂ ਨੂੰ ਰੋਕਣ ਲਈ, ਮੋਟਰ ਦੁਰਘਟਨਾ ਦਾਅਵਿਆਂ ਨਾਲ ਸਬੰਧਤ ਚਾਰ ਡਿਜੀਟਲ ਪਲੇਟਫਾਰਮਾਂ ਨੂੰ ਆਪਸ ਵਿੱਚ ਜੋੜਨ ਦਾ ਨਿਰਦੇਸ਼ ਦਿੱਤਾ।

- ਦਿੱਲੀ ਪੁਲਿਸ ਨੇ ਭਲਕੇ ਜੰਤਰ-ਮੰਤਰ ਵਿਖੇ 'Cockroach Janta Party' ਵੱਲੋਂ ਤਜਵੀਜ਼ਸ਼ੁਦਾ ਵਿਰੋਧ ਪ੍ਰਦਰਸ਼ਨ ਲਈ ਇਜਾਜ਼ਤ ਦੇਣ ਤੋਂ ਇਨਕਾਰ ਕੀਤਾ।

- ਭਾਰਤੀ ਮੂਲ ਦੀ ਦੱਖਣ ਅਫ਼ਰੀਕੀ ਕਾਨੂੰਨ-ਵਿਗਿਆਨੀ, ਨਵਨੀਤਮ ਨਵੀ ਪਿੱਲਯ ਨੂੰ, ਅੰਤਰ-ਰਾਸ਼ਟਰੀ ਕਾਨੂੰਨ ਨੂੰ ਉਤਸ਼ਾਹਿਤ ਕਰਨ ਵਿੱਚ, ਦਿੱਤੇ ਯੋਗਦਾਨ ਲਈ, 'ਨੋਬੇਲ ਸ਼ਾਂਤੀ ਪੁਰਸਕਾਰ' ਨਾਲ ਸਨਮਾਨਿਤ ਕੀਤਾ ਜਾਵੇਗਾ।

- ਕ੍ਰਿਕੇਟ ਵਿੱਚ, ਭਾਰਤ ਅਤੇ ਵੈਸਟਇੰਡੀਜ਼ ਵਿਚਕਾਰ ਪੰਜ ਟਵੈਂਟੀ-ਟਵੈਂਟੀ ਮੈਚਾਂ ਦੀ ਲੜੀ ਦਾ ਦੂਜਾ ਮੈਚ, ਅੱਜ ਰਾਂਚੀ ਵਿੱਚ ਖੇਡਿਆ ਜਾ ਰਿਹਾ ਏ।

### *ਹੁਣ ਖਬਰਾਂ ਵਿਸਥਾਰ ਨਾਲ*

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਤੇਜ਼ੀ ਨਾਲ ਹੋ ਰਹੀ ਤਕਨੀਕੀ ਤਰੱਕੀ ਦਰਮਿਆਨ, ਨੌਜਵਾਨਾਂ ਨੂੰ ਲਗਾਤਾਰ ਆਪਣੇ ਹੁਨਰ ਨੂੰ ਬਿਹਤਰ ਕਰਨ ਅਤੇ ਉੱਭਰ ਰਹੀਆਂ ਤਕਨੀਕਾਂ ਮੁਤਾਬਿਕ ਆਪਣੇ ਆਪ ਨੂੰ ਢਾਲਣ ਦੀ ਲੋੜ 'ਤੇ ਜੋਰ ਦਿੱਤਾ ਏ।

ਉਨ੍ਹਾਂ ਨੇ ਅੱਜ ਨਵੀਂ ਦਿੱਲੀ ਵਿੱਚ, ਵਿਸ਼ਵ ਹੁਨਰ ਮੁਕਾਬਲੇ - 'ਵਰਲਡ ਸਕਿੱਲਜ਼ ਸ਼ੰਘਾਈ 2026' ਵਿੱਚ ਹਿੱਸਾ ਲੈਣ ਵਾਲੇ ਭਾਰਤੀ ਟੀਮ ਦੇ ਮੈਂਬਰਾਂ ਨਾਲ ਗੱਲਬਾਤ ਕਰਦਿਆਂ ਇਹ ਗੱਲ ਕਹੀ। ਸ੍ਰੀ ਮੋਦੀ ਨੇ ਹਿੱਸਾ ਲੈਣ ਵਾਲਿਆਂ ਨੂੰ ਅੰਤਰ-ਰਾਸ਼ਟਰੀ ਬਾਜ਼ਾਰ ਦੀਆਂ ਲੋੜਾਂ ਮੁਤਾਬਕ ਹੁਨਰ

ਵਿਕਸਿਤ ਕਰਨ ਅਤੇ ਆਪਣੇ ਤਜ਼ਰਬਿਆਂ ਰਾਹੀਂ ਦੇਸ਼ ਦੇ ਹੁਨਰ ਸਿਖਲਾਈ ਢਾਂਚੇ ਨੂੰ ਬਿਹਤਰ ਬਣਾਉਣ ਵਿੱਚ ਯੋਗਦਾਨ ਪਾਉਣ ਲਈ ਕਿਹਾ।

**BYTE: PM ON SKILLS**

48ਵਾਂ ਵਿਸ਼ਵ ਹੁਨਰ ਮੁਕਾਬਲਾ, ਚੀਨ ਵਿੱਚ 22 ਤੋਂ 27 ਸਤੰਬਰ ਤੱਕ ਆਯੋਜਿਤ ਕੀਤਾ ਗਿਆ ਸੀ। ਭਾਰਤ ਨੇ ਮੁਕਾਬਲੇ ਵਿੱਚ 10ਵਾਂ ਸਥਾਨ ਹਾਸਲ ਕੀਤਾ।

---

ਸਰਵਉੱਚ ਅਦਾਲਤ ਨੇ ਕੇਂਦਰ, ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਧੋਖਾਧੜੀ ਵਾਲੇ ਬੀਮਾ ਦਾਅਵਿਆਂ ਨੂੰ ਰੋਕਣ ਅਤੇ ਮੁਆਵਜ਼ੇ ਦੇ ਨਿਪਟਾਰੇ ਨੂੰ ਤੇਜ਼ ਕਰਨ ਲਈ ਚਾਰ ਹਫ਼ਤਿਆਂ ਦੇ ਅੰਦਰ ਮੋਟਰ ਦੁਰਘਟਨਾ ਦਾਅਵਿਆਂ ਨਾਲ ਸਬੰਧਤ ਚਾਰ ਡਿਜੀਟਲ ਪਲੇਟਫਾਰਮਾਂ ਨੂੰ ਆਪਸ ਵਿੱਚ ਜੋੜਨ ਦਾ ਨਿਰਦੇਸ਼ ਦਿੱਤਾ ਏ।

ਇਨਾ ਪਲੇਟਫਾਰਮਾਂ ਵਿੱਚ ਈ-ਡੀ.ਏ.ਆਰ, ਵਾਹਨ, ਸਾਰਥੀ ਅਤੇ ਬੀਮਾ ਸੂਚਨਾ ਬਿਊਰੋ ਸ਼ਾਮਲ ਨੇ। ਇਹ ਹਿੱਟ-ਐਂਡ-ਰਨ ਕੇਸਾਂ ਅਤੇ ਪੀਐਮ-ਰਾਹਤ ਸਕੀਮ ਨੂੰ ਵੀ ਕਵਰ ਕਰੇਗਾ।

ਅਦਾਲਤ ਨੇ ਸਾਰੇ ਰਾਜਾਂ ਨੂੰ ਬਿਨਾਂ ਦੇਰੀ ਦੇ ਈ-ਡੀ.ਏ.ਆਰ ਪੋਰਟਲ 'ਤੇ ਸੰਬੰਧਿਤ ਡੇਟਾ ਅਪਲੋਡ ਕਰਨ ਦੇ ਨਿਰਦੇਸ਼ ਵੀ ਦਿੱਤੇ ਨੇ।

ਮਾਮਲੇ ਦੀ ਅਗਲੀ ਸੁਣਵਾਈ 27 ਨਵੰਬਰ ਨੂੰ ਹੋਵੇਗੀ।

---------------------------------------------------

ਦਿੱਲੀ ਪੁਲਿਸ ਨੇ ਭਲਕੇ ਜੰਤਰ-ਮੰਤਰ ਵਿਖੇ 'Cockroach Janta Party' (CJP) ਵੱਲੋਂ ਤਜਵੀਜ਼ਸ਼ੁਦਾ ਵਿਰੋਧ ਪ੍ਰਦਰਸ਼ਨ ਲਈ ਇਜਾਜ਼ਤ ਦੇਣ ਤੋਂ ਇਨਕਾਰ ਕਰ ਦਿੱਤਾ ਏ।

ਅੱਜ ਸਵੇਰੇ ਨਵੀਂ ਦਿੱਲੀ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ, JOINT ਪੁਲਿਸ ਕਮਿਸ਼ਨਰ ਨੂਪੁਰ ਪ੍ਰਸਾਦ ਨੇ ਦੱਸਿਆ ਕਿ ਜੰਤਰ-ਮੰਤਰ ਵਿਖੇ ਕਿਸੇ ਰੋਸ ਪ੍ਰਦਰਸ਼ਨ ਜਾਂ ਕਿਸੇ ਹੋਰ ਸਮਾਗਮ ਲਈ ਇਜਾਜ਼ਤ ਲੈਣ ਵਾਸਤੇ ਘੱਟੋ-ਘੱਟ 10 ਦਿਨ ਪਹਿਲਾਂ ਅਰਜ਼ੀ ਦੇਣੀ ਲਾਜ਼ਮੀ ਏ। ਉਨ੍ਹਾਂ ਕਿਹਾ -

**BYTE: NUPUR PRASAD**

ਉਨ੍ਹਾਂ ਚੇਤਾਵਨੀ ਦਿੱਤੀ ਕਿ ਦਿੱਲੀ ਪੁਲਿਸ ਕਾਨੂੰਨ ਦੀ ਉਲੰਘਣਾ ਕਰਦੇ ਪਾਏ ਜਾਣ ਵਾਲੇ ਕਿਸੇ ਵੀ ਵਿਅਕਤੀ ਵਿਰੁੱਧ, ਢੁਕਵੀਂ ਕਾਨੂੰਨੀ ਕਾਰਵਾਈ ਕਰੇਗੀ।

---------------------------------------------------

ਰੇਲ ਮੰਤਰਾਲੇ ਨੇ ਕਿਹਾ ਏ ਕਿ ਅੱਜ ਦੁਪਹਿਰ 2 ਵਜੇ ਤੋਂ ਬਾਅਦ ਆਪਣੇ ਸ਼ੁਰੂਆਤੀ ਸਟੇਸ਼ਨਾਂ ਤੋਂ ਰਵਾਨਾ ਹੋਣ ਵਾਲੀਆਂ ਅਤੇ ਭਲਕੇ ਤੜਕੇ 4 ਵਜੇ ਤੋਂ ਦੁਪਹਿਰ ਬਾਅਦ 2 ਵਜੇ ਵਿਚਕਾਰ ਨਵੀਂ ਦਿੱਲੀ ਅਤੇ ਹਜ਼ਰਤ ਨਿਜ਼ਾਮੂਦੀਨ ਰੇਲਵੇ ਸਟੇਸ਼ਨਾਂ 'ਤੇ ਪਹੁੰਚਣ ਵਾਲੀਆਂ, ਸਾਰੀਆਂ ਮੇਲ ਅਤੇ ਐਕਸਪ੍ਰੈਸ ਰੇਲਗੱਡੀਆਂ ਰੱਦ ਕਰ ਦਿੱਤੀਆਂ ਗਈਆਂ ਨੇ। ਇਹ ਫੈਸਲਾ

ਭਲਕੇ ਦੋਵਾਂ ਰੇਲਵੇ ਸਟੇਸ਼ਨਾਂ ਦੇ ਆਲੇ-ਦੁਆਲੇ ਦੇ ਇਲਾਕਿਆਂ ਵਿੱਚ, ਸੜਕਾਂ 'ਤੇ ਭਾਰੀ ਆਵਾਜਾਈ ਦੀ ਸੰਭਾਵਨਾ ਨੂੰ ਦੇਖਦਿਆਂ ਲਿਆ ਗਿਆ ਏ।

---------------------------------------------------------

ਉਧਰ ਦਿੱਲੀ ਮੈਟਰੋ ਰੇਲ ਕਾਰਪੋਰੇਸ਼ਨ, DMRC ਨੇ ਦੱਸਿਆ ਏ ਕਿ ਰਾਸ਼ਟਰੀ ਰਾਜਧਾਨੀ ਖੇਤਰ ਵਿੱਚ, ਸੁਰੱਖਿਆ ਕਾਰਨਾਂ ਕਰਕੇ, ਅੱਜ ਰਾਤ 9 ਵਜੇ ਤੋਂ ਲੈ ਕੇ ਕੱਲ ਤੱਕ, 57 ਮੈਟਰੋ ਸਟੇਸ਼ਨ ਬੰਦ ਰਹਿਣਗੇ।

DMRC ਨੇ ਕਿਹਾ ਏ ਕਿ ਨਵੀਂ ਦਿੱਲੀ ਮੈਟਰੋ ਸਟੇਸ਼ਨ ਨੂੰ ਛੱਡ ਕੇ, ਬਾਕੀ ਸਾਰੇ ਸਬੰਧਤ ਮੈਟਰੋ ਸਟੇਸ਼ਨਾਂ 'ਤੇ ਇੰਟਰਚੇਂਜ ਦੀ ਸਹੂਲਤ ਉਪਲਬਧ ਰਹੇਗੀ। ਯਾਤਰੀ ਇਨ੍ਹਾਂ ਸਟੇਸ਼ਨਾਂ 'ਤੇ ਮੈਟਰੋ ਲਾਈਨਾਂ ਬਦਲ ਸਕਣਗੇ। ਇਹ ਪਾਬੰਦੀ ਅਗਲੇ ਹੁਕਮਾਂ ਤੱਕ ਲਾਗੂ ਰਹੇਗੀ।

---------------------------------------------------------

ਸਰਵਉੱਚ ਅਦਾਲਤ ਨੇ ਕੇਂਦਰ ਸਰਕਾਰ ਅਤੇ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਨੇ ਕਿ, 10 ਅਕਤੂਬਰ ਨੂੰ ਹੋਣ ਵਾਲੇ 'Cockroach Janta Party' (CJP) ਦੇ ਵਿਰੋਧ ਪ੍ਰਦਰਸ਼ਨ ਦੇ ਮੱਦੇਨਜ਼ਰ, ਦਿੱਲੀ ਵਿੱਚ ਮੈਟਰੋ ਅਤੇ ਰੇਲ ਸੇਵਾਵਾਂ ਨੂੰ ਪੂਰੀ ਤਰ੍ਹਾਂ ਬੰਦ ਨਾ ਕੀਤਾ ਜਾਵੇ। ਚੀਫ਼ ਜਸਟਿਸ ਸੂਰਿਆ ਕਾਂਤ ਦੀ ਅਗਵਾਈ ਵਾਲੇ ਬੈਂਚ ਨੇ ਕਿਹਾ ਕਿ ਮੁਸਾਫ਼ਰਾਂ ਨੂੰ ਘੱਟ ਤੋਂ ਘੱਟ ਅਸੁਵਿਧਾ ਹੋਵੇ, ਇਹ ਯਕੀਨੀ ਬਣਾਉਣ ਲਈ ਜਨਤਕ

ਆਵਾਜਾਈ ਸੇਵਾਵਾਂ ਨੂੰ ਨਿਯਮਤ ਢੰਗ ਨਾਲ ਜਾਰੀ ਰੱਖਿਆ ਜਾਣਾ ਚਾਹੀਦਾ ਏ।

ਜਸਟਿਸ ਜੋਇ-ਮਾਲਿਆ ਬਾਗਚੀ ਅਤੇ ਜਸਟਿਸ ਵੀ. ਮੋਹਨਾ ਵੀ ਇਸ ਬੈਂਚ ਵਿੱਚ ਸ਼ਾਮਲ ਸਨ। ਅਦਾਲਤ ਨੇ ਸਾਲਿਸਟਰ ਜਨਰਲ, ਤੁਸ਼ਾਰ ਮਹਿਤਾ ਦੇ ਉਸ ਭਰੋਸੇ 'ਤੇ ਧਿਆਨ ਦਿੱਤਾ ਏ ਕਿ ਅਧਿਕਾਰੀ ਪਾਬੰਦੀਆਂ 'ਤੇ ਮੁੜ ਵਿਚਾਰ ਕਰਨਗੇ। ਅਦਾਲਤ ਨੇ ਕਿਹਾ ਕਿ ਸੁਰੱਖਿਆ ਕਾਰਨਾਂ ਕਰਕੇ ਸੇਵਾਵਾਂ ਨੂੰ ਨਿਯਮਤ ਕਰਨਾ ਅਤੇ ਉਨ੍ਹਾਂ ਨੂੰ ਪੂਰੀ ਤਰ੍ਹਾਂ ਬੰਦ ਕਰਨਾ ਦੋ ਵੱਖ-ਵੱਖ ਗੱਲਾਂ ਨੇ।

ਅਦਾਲਤ ਨੇ ਅਧਿਕਾਰੀਆਂ ਨੂੰ ਮੈਟਰੋ ਅਤੇ ਰੇਲ ਸੇਵਾਵਾਂ ਨਾਲ ਸਬੰਧਤ ਫੈਸਲਿਆਂ ਬਾਰੇ ਜਾਣਕਾਰੀ ਜਨਤਕ ਕਰਨ ਦੇ ਵੀ ਨਿਰਦੇਸ਼ ਦਿੱਤੇ ਨੇ।

---------------------------------------------------------

ਭਾਰਤ ਨੇ ਕਿਹਾ ਕਿ 'ਸਥਾਈ ਕਿਰਤ ਪ੍ਰਮਾਣੀਕਰਣ' - PERM ਪ੍ਰੋਗਰਾਮ ਸਬੰਧੀ ਅਮਰੀਕਾ ਦੇ ਕਦਮਾਂ ਨਾਲ, ਦੋਵਾਂ ਦੇਸ਼ਾਂ ਦੇ ਸਾਂਝੇ ਟੀਚਿਆਂ ਨੂੰ ਅੱਗੇ ਵਧਾਉਣ ਵਿੱਚ ਮੁਸ਼ਕਲ ਹੋਵੇਗੀ।

ਵਿਦੇਸ਼ ਮੰਤਰਾਲੇ ਦੇ ਬੁਲਾਰੇ ਰਣਧੀਰ ਜੈਸਵਾਲ ਨੇ ਅੱਜ ਨਵੀਂ ਦਿੱਲੀ ਵਿੱਚ ਕਿਹਾ ਕਿ, ਹੁਨਰਮੰਦ ਲੋਕਾਂ ਦੀ ਆਵਾਜਾਈ, ਭਾਰਤ ਅਤੇ ਅਮਰੀਕਾ ਦੋਵਾਂ ਦੀਆਂ ਅਰਥਵਿਵਸਥਾਵਾਂ ਲਈ ਮਹੱਤਵਪੂਰਨ ਏ। ਉਨ੍ਹਾਂ ਕਿਹਾ ਕਿ ਇਸ ਨਾਲ ਨਾ ਸਿਰਫ਼ ਭਾਰਤੀ ਪੇਸ਼ੇਵਰਾਂ ਲਈ ਮੌਕੇ ਪੈਦਾ ਹੁੰਦੇ ਨੇ, ਸਗੋਂ ਅਮਰੀਕੀ ਕੰਪਨੀਆਂ ਨੂੰ ਵੀ ਅਤਿ-ਆਧੁਨਿਕ ਹੁਨਰ, ਨਵੀਨਤਾ, ਖੋਜ,

ਉਤਪਾਦਕਤਾ, ਮੁਕਾਬਲੇਬਾਜ਼ੀ ਅਤੇ ਰੁਜ਼ਗਾਰ ਸਿਰਜਣ ਰਾਹੀਂ ਬਰਾਬਰ ਲਾਭ ਮਿਲਦਾ ਏ।

ਸ੍ਰੀ ਜੈਸਵਾਲ ਨੇ ਸਪੱਸ਼ਟ ਕੀਤਾ ਕਿ ਅਮਰੀਕਾ ਵੱਲੋਂ ਪ੍ਰੋਗਰਾਮ ਤੋਂ ਕੁਝ ਕੰਪਨੀਆਂ ਨੂੰ ਮੁਅੱਤਲ ਕਰਨ ਨਾਲ ਮੌਜੂਦਾ H-1B ਵੀਜ਼ਿਆਂ ਦੀ ਵੈਧਤਾ ਜਾਂ ਵੀਜ਼ਾ ਧਾਰਕਾਂ ਅਤੇ ਉਨ੍ਹਾਂ 'ਤੇ ਨਿਰਭਰ ਵਿਅਕਤੀਆਂ ਦੇ ਦਰਜੇ 'ਤੇ ਕੋਈ ਸਿੱਧਾ ਅਸਰ ਨਹੀਂ ਪਵੇਗਾ। ਉਨ੍ਹਾਂ ਕਿਹਾ ਕਿ ਪ੍ਰਭਾਵਿਤ ਕੰਪਨੀਆਂ ਦੇ ਯੋਗ ਮੁਲਾਜ਼ਮਾਂ ਦੀ ਸਥਾਈ ਨਿਵਾਸ ਜਾਂ ਗ੍ਰੀਨ ਕਾਰਡ ਦੀ ਪ੍ਰਕਿਰਿਆ 'ਤੇ ਕੁਝ ਪ੍ਰਭਾਵ ਜ਼ਰੂਰ ਪੈ ਸਕਦਾ ਏ।

---------------------------------------------------------------

ਭਾਰਤੀ ਮੂਲ ਦੀ ਦੱਖਣ ਅਫ਼ਰੀਕੀ ਕਾਨੂੰਨ-ਵਿਗਿਆਨੀ, ਨਵਨੀਤਮ ਨਵੀ ਪਿੱਲਯ ਨੂੰ ਸ਼ਾਂਤੀ ਅਤੇ ਅੰਤਰ-ਰਾਸ਼ਟਰੀ ਕਾਨੂੰਨ ਨੂੰ ਉਤਸ਼ਾਹਿਤ ਕਰਨ ਵਿੱਚ, ਦਿੱਤੇ ਗਏ ਯੋਗਦਾਨ ਲਈ, ਨੋਬੇਲ ਸ਼ਾਂਤੀ ਪੁਰਸਕਾਰ ਨਾਲ ਸਨਮਾਨਿਤ ਕੀਤਾ ਜਾਵੇਗਾ।

ਪਿੱਲੇ, ਸੰਯੁਕਤ ਰਾਸ਼ਟਰ ਵਿੱਚ ਮਨੁੱਖੀ ਅਧਿਕਾਰਾਂ ਬਾਰੇ ਮੁਖੀ ਅਤੇ ਅੰਤਰ-ਰਾਸ਼ਟਰੀ ਨਿਆਂ ਅਦਾਲਤ ਵਿੱਚ ਜੱਜ ਵਜੋਂ ਸੇਵਾ ਨਿਭਾ ਚੁਕੀ ਏ। ਉਨ੍ਹਾਂ ਨੇ ਰੰਗਭੇਦ ਦੇ ਦੌਰ ਵਿੱਚ ਆਪਣਾ ਬਚਪਨ ਬਿਤਾਇਆ। ਇਸ ਤੋਂ ਬਾਅਦ, ਉਨ੍ਹਾਂ ਨੇ ਰੰਗਭੇਦ ਖਿਲਾਫ ਸੰਘਰਸ਼ ਕਰਨ ਵਾਲੇ ਕਾਰਜਕਰਤਾਵਾਂ ਦੇ ਅਧਿਕਾਰਾਂ ਦੀ ਰਾਖੀ ਕਰਨ ਦੇ ਨਾਲ-ਨਾਲ ਮਨੁੱਖੀ ਅਧਿਕਾਰਾਂ ਅਤੇ ਬਰਾਬਰੀ ਨੂੰ ਉਤਸ਼ਾਹਿਤ ਕਰਨ ਲਈ ਵੀ ਕੰਮ ਕੀਤੇ।

----------------------------------------------------

ਦੇਸ਼ ਭਰ ਵਿਚ ਅੱਜ ਤੋਂ 15 ਅਕਤੂਬਰ ਤੱਕ ਰਾਸ਼ਟਰੀ ਡਾਕ ਹਫ਼ਤਾ-2026 ਮਨਾਇਆ ਜਾ ਰਿਹਾ ਏ।

ਕੇਂਦਰੀ ਸੰਚਾਰ ਮੰਤਰੀ ਜਯੋਤੀਰਾ-ਦਿੱਤਿਆ ਸਿੰਧੀਆ ਨੇ ਵਿਸ਼ਵ ਡਾਕ ਦਿਵਸ ਦੇ ਮੌਕੇ 'ਤੇ ਸਾਰੇ ਡਾਕ ਸੇਵਕਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਹਨ ਅਤੇ ਰਾਸ਼ਟਰ ਪ੍ਰਤੀ ਉਨ੍ਹਾਂ ਦੀ ਸਮਰਪਿਤ ਸੇਵਾ ਲਈ ਉਨ੍ਹਾਂ ਦਾ ਧੰਨਵਾਦ ਕੀਤਾ ਏ।

ਇੱਕ ਸੋਸ਼ਲ ਮੀਡੀਆ ਸੰਦੇਸ਼ ਵਿੱਚ, ਸ੍ਰੀ ਸਿੰਧੀਆ ਨੇ ਦੁਹਰਾਇਆ, 'ਡਾਕ ਸੇਵਾ ਹੀ ਜਨ ਸੇਵਾ ਏ '। ਉਨ੍ਹਾਂ ਕਿਹਾ -

**BYTE-JYOTIRADITYA SCINDIA**

ਏਧਰ ਪੰਜਾਬ ਸਰਕਲ ਡਾਕ ਵਿਭਾਗ ਵਲੋਂ ਵੀ ਇਸ ਦੌਰਾਨ ਵੱਖ-ਵੱਖ ਗਤੀਵਿਧੀਆਂ ਰਾਹੀਂ ਡਾਕ, ਵਿੱਤੀ ਅਤੇ ਨਾਗਰਿਕ-ਕੇਂਦਰਿਤ ਸੇਵਾਵਾਂ ਪ੍ਰਦਾਨ ਕਰਨ ਵਿੱਚ ਭਾਰਤੀ ਡਾਕ ਵਿਭਾਗ ਦੀ ਮਹੱਤਵਪੂਰਨ ਭੂਮਿਕਾ ਬਾਰੇ ਜਾਗਰੂਕਤਾ ਪੈਦਾ ਕੀਤੀ ਜਾਵੇਗੀ।

ਸੂਬੇ ਭਰ ਵਿੱਚ ਡਾਕ ਹਫ਼ਤੇ ਦੌਰਾਨ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਜਾਣਗੀਆਂ।

----------------------------------------------------

ਵਿਗਿਆਨ ਅਤੇ ਤਕਨਾਲੋਜੀ ਮੰਤਰੀ ਡਾ. ਜਤਿੰਦਰ ਸਿੰਘ ਨੇ ਅੱਜ ਵਿਗਿਆਨ ਅਤੇ ਤਕਨਾਲੋਜੀ ਵਿਭਾਗ ਅਤੇ ਵਿਗਿਆਨ ਅਤੇ ਤਕਨਾਲੋਜੀ

ਮੰਤਰਾਲੇ ਲਈ ਨਵੀਆਂ ਵੈੱਬਸਾਈਟਾਂ ਦੀ ਸ਼ੁਰੂਆਤ ਕੀਤੀ। ਇਹ ਵੈੱਬਸਾਈਟਾਂ ਨਾਗਰਿਕਾਂ ਦੀਆਂ ਜ਼ਰੂਰਤਾਂ ਨੂੰ ਧਿਆਨ ਵਿੱਚ ਰੱਖ ਕੇ ਤਿਆਰ ਕੀਤੀਆਂ ਗਈਆਂ ਨੇ। ਇਨ੍ਹਾਂ ਵੈੱਬਸਾਈਟਾਂ ਨਾਲ ਲੋਕ, 22 ਭਾਸ਼ਾਵਾਂ ਵਿੱਚ ਵਿਗਿਆਨਕ ਜਾਣਕਾਰੀ ਤੱਕ ਪਹੁੰਚ ਕਰ ਸਕਦੇ ਨੇ।

ਮੰਤਰੀ ਨੇ ਕਿਹਾ ਕਿ ਇਨ੍ਹਾਂ ਨਵੀਆਂ ਵੈੱਬਸਾਈਟਾਂ ਦਾ ਉਦੇਸ਼, ਦੇਸ਼ ਭਰ ਦੇ ਲੋਕਾਂ ਲਈ ਵਿਗਿਆਨਕ ਜਾਣਕਾਰੀ ਨੂੰ ਆਸਾਨ ਢੰਗ ਨਾਲ ਪਹੁੰਚਯੋਗ ਬਣਾਉਣਾ ਏ।

---------------------------------------------------------------

ਵਿਸ਼ਵ ਮੌਸਮ ਵਿਗਿਆਨ ਸੰਗਠਨ (WMO) ਨੇ ਕਿਹਾ ਏ ਕਿ, ਮੌਜੂਦਾ 'ਅਲ ਨੀਨੋ' ਦੀ ਸਥਿਤੀ ਦੇ ਹੋਰ ਤੇਜ਼ ਹੋਣ ਦੀ ਸੰਭਾਵਨਾ ਏ। ਸੰਗਠਨ ਦੀ ਤਾਜ਼ਾ ਮਾਸਿਕ ਆਲਮੀ ਮੌਸਮੀ ਜਲਵਾਯੂ ਅਪਡੇਟ ਮੁਤਾਬਕ, ਇਸ ਦੇ ਨਤੀਜੇ ਵਜੋਂ ਦੁਨੀਆ ਦੇ ਜ਼ਿਆਦਾਤਰ ਹਿੱਸਿਆਂ ਵਿੱਚ ਤਾਪਮਾਨ ਔਸਤ ਨਾਲੋਂ ਵੱਧ ਰਹਿਣ ਅਤੇ ਬਾਰਿਸ਼ ਦੇ ਪੈਟਰਨ ਵਿੱਚ ਬਦਲਾਅ ਆਉਣ ਦੀ ਸੰਭਾਵਨਾ ਏ।

---------------------------------------------------------------

ਗੁਜਰਾਤ ਦੇ ਕੱਛ ਜ਼ਿਲ੍ਹੇ ਵਿੱਚ ਅੱਜ ਸਵੇਰੇ ਇੱਕ ਦਰਦਨਾਕ ਸੜਕ ਹਾਦਸੇ ਵਿੱਚ, ਸੱਤ ਲੋਕਾਂ ਦੀ ਮੌਤ ਹੋ ਗਈ। ਸਾਡੇ ਪੱਤਰਕਾਰ ਨੇ ਦੱਸਿਆ ਕਿ ਭੁਜ

ਤਾਲੁਕਾ ਦੇ ਸਰਹੱਦੀ ਇਲਾਕੇ ਖਾਵੜਾ ਵਿੱਚ ਇੱਕ ਕਾਰ ਅਤੇ ਟਰੇਲਰ ਵਿਚਕਾਰ ਹੋਈ ਜ਼ਬਰਦਸਤ ਟੱਕਰ ਵਿੱਚ ਕਈ ਲੋਕ ਜ਼ਖ਼ਮੀ ਵੀ ਹੋਏ ਨੇ।

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਹਾਦਸੇ ਵਿੱਚ ਹੋਏ ਜਾਨੀ ਨੁਕਸਾਨ 'ਤੇ ਦੁੱਖ ਪ੍ਰਗਟ ਕੀਤਾ ਏ।

---------------------------------------------------------------

ਕ੍ਰਿਕਟ ਵਿੱਚ, ਭਾਰਤ ਅਤੇ ਵੈਸਟਇੰਡੀਜ਼ ਵਿਚਕਾਰ ਪੰਜ ਮੈਚਾਂ ਦੀ 20-20 ਅੰਤਰ-ਰਾਸ਼ਟਰੀ ਲੜੀ ਦਾ ਦੂਜਾ ਮੈਚ ਅੱਜ ਰਾਂਚੀ ਵਿੱਚ ਖੇਡਿਆ ਜਾ ਰਿਹਾ ਏ। ਵੈਸਟਇੰਡੀਜ਼ ਨੇ ਟਾਸ ਜਿੱਤ ਕੇ ਪਹਿਲਾ ਗੇਂਦਬਾਜ਼ੀ ਕਰਨ ਦਾ ਫੈਸਲਾ ਕੀਤਾ ਏ।

ਆਖ਼ਰੀ ਖਬਰਾਂ ਲਿਖੇ ਜਾਣ ਤੱਕ, ਭਾਰਤ ਨੇ 18 ਓਵਰਾਂ ਵਿਚ, 4 ਵਿਕਟਾਂ ਦੇ ਨੁਕਸਾਨ 'ਤੇ 211 ਦੌੜਾਂ ਬਣਾ ਲਈਆਂ ਨੇ।

---------------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ, ਨੌਜਵਾਨਾਂ ਨੂੰ ਲਗਾਤਾਰ ਆਪਣੇ ਹੁਨਰ ਨੂੰ ਬਿਹਤਰ ਕਰਨ ਅਤੇ ਉੱਭਰ ਰਹੀਆਂ ਤਕਨੀਕਾਂ ਮੁਤਾਬਿਕ ਆਪਣੇ ਆਪ ਨੂੰ ਢਾਲਣ ਦੀ ਲੋੜ 'ਤੇ ਜ਼ੋਰ ਦਿੱਤਾ।

- ਸਰਵਉੱਚ ਅਦਾਲਤ ਨੇ ਕੇਂਦਰ, ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਧੋਖਾਧੜੀ ਵਾਲੇ ਬੀਮਾ ਦਾਅਵਿਆਂ ਨੂੰ ਰੋਕਣ ਲਈ, ਮੋਟਰ

ਦੁਰਘਟਨਾ ਦਾਅਵਿਆਂ ਨਾਲ ਸਬੰਧਤ ਚਾਰ ਡਿਜੀਟਲ ਪਲੇਟਫਾਰਮਾਂ ਨੂੰ ਆਪਸ ਵਿੱਚ ਜੋੜਨ ਦਾ ਨਿਰਦੇਸ਼ ਦਿੱਤਾ।

- ਦਿੱਲੀ ਪੁਲਿਸ ਨੇ ਭਲਕੇ ਜੰਤਰ-ਮੰਤਰ ਵਿਖੇ 'Cockroach Janta Party' ਵੱਲੋਂ ਤਜਵੀਜ਼ਸ਼ੁਦਾ ਵਿਰੋਧ ਪ੍ਰਦਰਸ਼ਨ ਲਈ ਇਜਾਜ਼ਤ ਦੇਣ ਤੋਂ ਇਨਕਾਰ ਕੀਤਾ।

- ਭਾਰਤੀ ਮੂਲ ਦੀ ਦੱਖਣ ਅਫ਼ਰੀਕੀ ਕਾਨੂੰਨ-ਵਿਗਿਆਨੀ, ਨਵਨੀਤਮ ਨਵੀ ਪਿੱਲਯ ਨੂੰ, ਅੰਤਰ-ਰਾਸ਼ਟਰੀ ਕਾਨੂੰਨ ਨੂੰ ਉਤਸ਼ਾਹਿਤ ਕਰਨ ਵਿੱਚ, ਦਿੱਤੇ ਯੋਗਦਾਨ ਲਈ, 'ਨੋਬੇਲ ਸ਼ਾਂਤੀ ਪੁਰਸਕਾਰ' ਨਾਲ ਸਨਮਾਨਿਤ ਕੀਤਾ ਜਾਵੇਗਾ ।

- ਕ੍ਰਿਕੇਟ ਵਿੱਚ, ਭਾਰਤ ਅਤੇ ਵੈਸਟਇੰਡੀਜ਼ ਵਿਚਕਾਰ ਪੰਜ ਟਵੈਂਟੀ-ਟਵੈਂਟੀ ਮੈਚਾਂ ਦੀ ਲੜੀ ਦਾ ਦੂਜਾ ਮੈਚ, ਅੱਜ ਰਾਂਚੀ ਵਿੱਚ ਖੇਡਿਆ ਜਾ ਰਿਹਾ ਏ।

---

**ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ। ਸਾਡਾ ਅਗਲਾ ਰਾਸ਼ਟਰੀ ਖ਼ਬਰਾਂ ਦਾ ਬੁਲੇਟਿਨ, ਭਲਕੇ ਸਵੇਰੇ 8 ਵਜ ਕੇ 30 ਮਿੰਟ 'ਤੇ ਹੋਏਗਾ। ਨਮਸਕਾਰ!**